NOC for CBSE

ਨੰ: 3/5/2019-3ਸਿ3/1421778/1

**ਪੰਜਾਬ ਸਰਕਾਰ**

**ਸਿੱਖਿਆ ਵਿਭਾਗ**

**(ਸਿੱਖਿਆ-3 ਸ਼ਾਖਾ)**

ਸੇਵਾ ਵਿਖੇ

ਪ੍ਰਿੰਸੀਪਲ,

Pathfinder Global School,

ਰਾਮਪੁਰਾ-ਗਿਲ ਕਲਾਂ ਰੋਡ,

ਰਾਮਪੁਰਾ ਫੂਲ, ਜਿਲ੍ਹਾਂ ਬਠਿੰਡਾ

ਮਿਤੀ:ਚੰਡੀਗੜ੍ਹ: 15/2/2019

ਵਿਸ਼ਾ:- **Pathfinder Global School, ਰਾਮਪੁਰਾ- ਗਿਲ ਕਲਾਂ ਰੋਡ, ਰਾਮਪੁਰਾ ਫੂਲ, ਜਿਲ੍ਹਾਂ ਬਠਿੰਡਾ ਦਾ ਸੀ.ਬੀ.ਐਸ.ਈ. (ਨਵੀਂ ਦਿੱਲੀ) ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।**

••••••

ਸ੍ਰੀਮਾਨ ਜੀ,

ਉਪਰਕੋਤ ਵਿਸ਼ੇ ਦੇ ਹਵਾਲੇ ਵਿੱਚ।

2. ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾਂ ਸਮੇਤ ਹਲਫੀਆਂ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ:ਸਿ) ਬਠਿੰਡਾ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਅਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆਂ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਸ ਲਿਆ ਜਾ ਸਕਦਾ ਹੈ।
2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ **ਸੀ.ਬੀ.ਐਸ.ਈ** ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।
3. ਸਕੂਲ ਮੈਨੇਜਮੈਂਟ, ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਆਰ.ਟੀ.ਈ.ਐਕਟ 2009 ਦੇ ਤਹਿਤ ਜਾਰੀ ਕੀਤੇ ਨੋਟੀਫਿਕੇਸ਼ਨ ਅਤੇ ਪੰਜਾਬ ਰਾਜ ਲਈ ਬਣਾਏ ਆਰ.ਟੀ.ਈ.ਐਕਟ-2009 ਦੇ ਰੂਲਾਂ ਦੀ ਇੰਨ-ਬਿਨ ਪਾਲਣਾ ਕਰੇਗੀ।
4. **ਸੀ.ਬੀ.ਐਸ.ਈ** ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ

Principal
Pathfinder Global School
CBSE Affiliation No. 163128
Gill Kalan- Rampura Phul (BTI.)

Scanned with OKEN Scanner

ਭੱਤੇ ਆਦਿ ਅਕਾਊਟ ਪੇਈ ਚੈਕਾਂ ਰਾਹੀਂ ਦੇਣ ਲਈ ਵਚਨਵੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

5. ਤੁਸੀ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾ ਉਪਲੱਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

6 ਬੱਚਿਆ ਦੀ ਸੁਰੱਖਿਆ, ਪਬਲਿਕ ਹੈਲਥ ਸੈਨੀਟੇਸ਼ਨ ਅਤੇ ਹੋਰ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਦੀਆਂ ਸ਼ਰਤਾਂ ਦਾ ਸਮੇਂ -2 ਨਿਰੀਖਣ ਪੰਜਾਬ ਸਰਕਾਰ ਦੇ ਅਧਿਕਾਰੀਆਂ ਵੱਲੋਂ ਕੀਤਾ ਜਾਵੇਗਾ।

7. ਪੰਜਾਬ ਸਰਕਾਰ ਵੱਲੋਂ ਪੱਤਰ ਨੰ:2/93/2009/3ਸਿ3/1360154 ਮਿਤੀ 26.11.2018 ਰਾਹੀਂ ਜਾਰੀ ਕੀਤੀਆਂ ਗਾਈਡਲਾਇਨਜ਼ ਦੀ ਇੰਨ ਬਿੰਨ ਪਾਲਣਾ ਕੀਤੀ ਜਾਵੇ।

**ਵਿਸ਼ੇਸ਼ ਸਕੱਤਰ, ਸਕੂਲ ਸਿੱਖਿਆ**

ਮਿਤੀ, ਚੰਡੀਗੜ੍ਹ:

ਪਿੱ:ਅੰ:ਨੰ: 3/5/2019-3ਸਿ3

ਉਤਾਰਾ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ. 15/51-2018 ਗ੍ਰਾਂਟ ਪੈਨ-1(6)/201916276 ਮਿਤੀ 23.01.2019 ਦੇ ਹਵਾਲੇ ਵਿੱਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ। ਸਬੰਧਤ ਸਕੂਲ ਤੋਂ ਉਪਰੋਕਤ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

2. Pathfinder Global School, ਰਾਮਪੁਰਾ-ਗਿਲ ਕਲਾਂ ਰੋਡ, ਰਾਮਪੁਰਾ ਫੂਲ, ਜਿਲ੍ਹਾਂ ਬਠਿੰਡਾ ਦੀ ਮਿਸਲ ਮੂਲ ਰੂਪ ਵਿੱਚ ਵਾਪਸ ਭੇਜੀ ਜਾਂਦੀ ਹੈ।

**ਵਿਸ਼ੇਸ਼ ਸਕੱਤਰ, ਸਕੂਲ ਸਿੱਖਿਆ**

Principal
Pathfinder Global School
CBSE Affiliation No. 1631281
Gill Kalan- Rampura Phul (BTI.)

Scanned with OKEN Scanner